# ਦਫਤਰ ਜਿਲ੍ਹਾ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ।

(ਫੁਟਕਲ ਸ਼ਾਖਾ)

**ਹੁਕਮ:**

ਇਸ ਦਫਤਰ ਦੇ ਹੁਕਮ ਪਿੱਠ ਅੰਕਣ ਨੰ: 920-43/ਐਮ.ਏ./COVID-19 ਮਿਤੀ 30-03-2020 ਦੀ ਲਗਾਤਾਰਤਾ ਵਿੱਚ:-

ਕੋਰੋਨਾ ਵਾਈਰਸ (COVID-19) ਦੀ ਬਿਮਾਰੀ ਵਿਸ਼ਵ ਭਰ ਵਿੱਚ ਫੈਲੀ ਹੋਈ ਹੈ। ਇਸ ਮਹਾਂਮਾਰੀ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ। ਪੰਜਾਬ ਸਰਕਾਰ ਵਲੋਂ ਜਾਰੀ ਨੋਟੀਫਿਕੇਸ਼ਨ ਨੰਬਰ 14/7/2020-4ਸਿਪ/677 ਮਿਤੀ 05-03-2020 ਰਾਹੀਂ ਕੋਰੋਨਾ ਵਾਇਰਸ (COVID-19) ਨੂੰ ਮਹਾਂਮਾਰੀ ਘੋਸ਼ਿਤ ਕਰ ਦਿੱਤਾ ਗਿਆ ਹੈ। ਇਸ ਬੀਮਾਰੀ ਦੀ ਰੋਕਥਾਮ ਅਤੇ social distancing ਬਣਾਈ ਰੱਖਣ ਲਈ ਇਸ ਦਫਤਰ ਵਲੋਂ ਹੁਕਮ ਪਿੱਠ ਅੰਕਣ ਨੰ: 307-377/ਐਮ.ਏ. ਮਿਤੀ 23-03-2020 ਰਾਹੀਂ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਕਰਫਿਊ ਲਗਾਇਆ ਗਿਆ ਹੈ।

ਇਸ ਦਫਤਰ ਦੇ ਹੁਕਮ ਪਿੱਠ ਅੰਕਣ ਨੰ: 920-43/ਐਮ.ਏ./ COVID-19 ਮਿਤੀ 30-03-2020 ਰਾਹੀਂ ਆਮ ਲੋਕਾਂ ਦੀਆਂ ਜਰੂਰਤਾਂ/ਮੁਸ਼ਕਿਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਜਰੂਰੀ ਵਸਤਾਂ ਅਤੇ ਸੇਵਾਵਾਂ ਲਈ ਸਵੇਰੇ 08:00 ਵਜੇ ਤੋਂ ਸਵੇਰੇ 11:00 ਵਜੇ ਤੱਕ ਦੁਕਾਨਾਂ ਆਦਿ ਨੂੰ ਖੋਲਣ ਅਤੇ ਸਿਰਫ ਹੋਮ ਡਲਿਵਰੀ ਕਰਨ ਦੀ ਇਜਾਜਤ ਦਿੱਤੀ ਗਈ ਸੀ।

ਹੁਣ ਉਕਤ ਹੁਕਮਾਂ ਵਿੱਚ ਬਦਲਾਅ ਕਰਦੇ ਹੋਏ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਹੇਠ ਲਿਖੇ ਅਨੁਸਾਰ ਜਰੂਰੀ ਵਸਤਾਂ ਦੀ ਹੋਮ ਡਲਿਵਰੀ ਲਈ ਅਤੇ ਜਰੂਰੀ ਵਸਤਾਂ ਦੀਆਂ ਦੁਕਾਨਾਂ ਨੂੰ ਖੋਲਣ ਲਈ ਸਵੇਰੇ 06:00 ਵਜੇ ਤੋਂ ਸਵੇਰੇ 09:00 ਵਜੇ ਤੱਕ ਦੀ ਇਜਾਜਤ ਦਿੱਤੀ ਜਾਂਦੀ ਹੈ:-

ੳ). ਹੇਠ ਲਿਖੀਆਂ ਵਸਤਾਂ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਪ੍ਰਚੂਨ, ਥੋਕ, ਮੰਡੀ ਵੇਅਰਹਾਊਸ ਤੇ ਨਿਰਮਾਣ ਆਦਿ ਨੂੰ ਸਿਰਫ ਹੋਮ ਡਲਿਵਰੀ ਲਈ :-

1) ਆਂਡੇ, ਮੀਟ, ਪੋਲਟਰੀ ਆਦਿ

2) ਐਲ.ਪੀ.ਜੀ.।

ਅ). ਹੇਠ ਲਿਖੀਆਂ ਵਸਤਾਂ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਪ੍ਰਚੂਨ, ਥੋਕ, ਮੰਡੀ ਵੇਅਰਹਾਊਸ ਤੇ ਨਿਰਮਾਣ ਆਦਿ ਨੂੰ ਖੋਲਣ ਲਈ :-

1) ਪਸ਼ੂ ਫੀਡ, ਪੋਲਟਰੀ ਫੀਡ, ਵੈਟਨਰੀ ਦਵਾਈਆਂ, ਪਸ਼ੂ ਹਸਪਤਾਲ, ਦੁੱਧ ਦੇ ਪਲਾਂਟ ਆਦਿ।

2) ਬੀਜ, ਕੀਟਨਾਸ਼ਕ, ਕੀੜੇਮਾਰ ਦਵਾਈਆਂ, ਖਾਂਦਾ, ਖੇਤੀਬਾੜੀ ਸਪਲਾਈ, ਖੇਤੀਬਾੜੀ ਉਪਕਰਨਾਂ ਆਦਿ।

3) ਪੈਕੇਜਿੰਗ, ਪੈਕਿੰਗ ਸਮੱਗਰੀ, ਪਲਾਸਟਿਕ ਬੈਗ ਆਦਿ।

4) ਜਿਲ੍ਹੇ ਦੀਆਂ ਸਮੂਹ ਡਾਇਗਨੋਸਟਿਕ ਲੈਬੋਰਟਰੀਆਂ

ਇਹ ਹੁਕਮ ਇਸ ਜਿਲ੍ਹੇ ਦੇ Containment Zone ਦੇ 15 ਪਿੰਡਾਂ ਵਿੱਚ ਲਾਗੂ ਨਹੀਂ ਹੋਣਗੇ।

ਇਹ ਹੁਕਮ ਮਿਤੀ 21-04-2020 ਤੋਂ ਅਗਲੇ ਹੁਕਮਾਂ ਤੱਕ ਲਾਗੂ ਰਹੇਗਾ।

ਇਹ ਹੁਕਮ ਲਾਗੂ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ, ਸ਼ਹੀਦ ਭਗਤ ਸਿੰਘ ਨਗਰ ਜੁੰਮੇਵਾਰ ਹੋਣਗੇ। ਇਸ ਹੁਕਮ ਦਾ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਪ੍ਰੈਸ ਮੀਡੀਆ ਰਾਹੀਂ ਪ੍ਰਚਾਰ ਹੋਵੇ।

ਜਿਲ੍ਹਾ ਮੈਜਿਸਟਰੇਟ,
ਸ਼ਹੀਦ ਭਗਤ ਸਿੰਘ ਨਗਰ।

Scanned by CamScanner

ਪਿੱਠ-ਅੰਕਣ ਨੰਬਰ:2124—2148 /ਐਮ.ਏ./COVID-19 ਮਿਤੀ: 19-04-2020

ਇਸ ਦਾ ਇੱਕ ਉਤਾਰਾ ਨਿਮਨ-ਲਿਖਤ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3) ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ /ਡੀ.ਆਈ.ਜੀ., ਸੀ.ਆਈ.ਡੀ., ਚੰਡੀਗੜ੍ਹ।
4) ਕਮਿਸ਼ਨਰ ਰੂਪਨਗਰ ਡਵੀਜ਼ਨ, ਰੂਪਨਗਰ।
5) ਡੀ.ਆਈ. ਜੀ., ਲੁਧਿਆਣਾ ਰੇਂਜ, ਲੁਧਿਆਣਾ।
6) ਜ਼ਿਲ੍ਹਾ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ।
7) ਸੀਨੀਅਰ ਪੁਲਿਸ ਕਪਤਾਨ, ਸ਼ਹੀਦ ਭਗਤ ਸਿੰਘ ਨਗਰ ।
8) ਸਿਵਲ ਸਰਜਨ, ਸ਼ਹੀਦ ਭਗਤ ਸਿੰਘ ਨਗਰ।
9) ਉਪ ਮੰਡਲ ਮੈਜਿਸਟਰੇਟ, ਨਵਾਂਸ਼ਹਿਰ /ਬੰਗਾ ਅਤੇ ਬਲਾਚੌਰ।
10) ਤਹਿਸੀਲਦਾਰ, ਨਵਾਂਸ਼ਹਿਰ / ਬੰਗਾ ਅਤੇ ਬਲਾਚੌਰ।
11) ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ।
12) ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ।
13) ਮੁੱਖ ਖੇਤੀਬਾੜੀ ਅਫਸਰ, ਸ਼ਹੀਦ ਭਗਤ ਸਿੰਘ ਨਗਰ।
14) ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਸ਼ਹੀਦ ਭਗਤ ਸਿੰਘ ਨਗਰ।
15) ਡਿਪਟੀ ਡਾਇਰੈਕਟਰ, ਪਸ਼ੂ ਪਾਲਣ, ਸ਼ਹੀਦ ਭਗਤ ਸਿੰਘ ਨਗਰ।
16) ਡਿਪਟੀ ਡਾਇਰੈਕਟਰ, ਡੇਅਰੀ, ਸ਼ਹੀਦ ਭਗਤ ਸਿੰਘ ਨਗਰ।
17) ਡਰੱਗ ਇੰਸਪੈਕਟਰ, ਸ਼ਹੀਦ ਭਗਤ ਸਿੰਘ ਨਗਰ।
18) ਪੀ.ਏ. ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ./ਰੀਡਰ ਟੂ ਡੀ.ਸੀ.।

ਜ਼ਿਲ੍ਹਾ ਮੈਜਿਸਟਰੇਟ,
ਸ਼ਹੀਦ ਭਗਤ ਸਿੰਘ ਨਗਰ।

Scanned by CamScanner